## ਡਾਇਰੈਕਟੋਰੇਟ, ਖੋਜ ਅਤਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ।

## ਦਫਤਰੀ ਹੁਕਮ

ਨੰ: 4ਐਮਈ 2-ਪੰ:-14/ 9342 ਮਿਤੀ, ਚੰਡੀਗੜ੍ਹ:- 12-06-2014

ਵਿਭਾਗੀ ਤਰੱਕੀ ਕਮੇਟੀ ਦੀਆਂ ਸਿਫਾਰਿਸਾਂ ਨੂੰ ਪਰਵਾਨ ਕਰਦੇ ਹੋਏ ਹੇਠ ਲਿਖੇ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-2 ਕਰਮਚਾਰੀਆਂ ਦੀ ਤਰੱਕੀ ਬਤੌਰ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-1 ਤਨਖਾਹ ਸਕੇਲ ਰੁਪਏ 10300 - 34800 ਜਮਾ ਗਰੇਡ ਪੇ 4200 ਰੁਪਏ ਵਿਚ ਵਿਭਾਗ ਦੀ ਪੈਰਾ ਮੈਡੀਕਲ ਸਟਾਫ ਦੀਆਂ ਅਸਾਮੀਆਂ ਦੇ ਡਰਾਫਟ ਰੂਲਾਂ ਵਿਚ ਦਰਜ ਉਪਬੰਧਾਂ ਦੇ ਤਹਿਤ ਆਰਜੀ ਤੌਰ ਤੇ ਕੀਤੀ ਜਾਂਦੀ ਹੈ ਅਤੇ ਕਰਮਚਾਰੀਆਂ ਦੀ ਤਰੱਕੀ ਉਪਰੰਤ ਤੈਨਾਤੀ ਇਹਨਾਂ ਦੇ ਨਾਵਾਂ ਸਾਹਮਣੇ ਦਰਸਾਈ ਸੰਸਥਾਵਾਂ ਵਿਚ ਹੇਠ ਲਿਖੇ ਅਨੁਸਾਰ ਕੀਤੀ ਜਾਂਦੀ ਹੈ:-

| ਲੜੀ ਨੰ: | ਕਰਮਚਾਰੀ ਦਾ ਨਾਂ, ਅਹੁਦਾ ਅਤੇ ਮੌਜੂਦਾ ਤੈਨਾਤੀ ਦੀ ਥਾਂ | ਤਰੱਕੀ ਉਪਰੰਤ ਤੈਨਾਤੀ ਦੀ ਥਾਂ | ਵਿਸੇਸ ਕੱਥਣ |
|---|---|---|---|
| 1. | ਸੁਰਿੰਦਰ ਕੋਰ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਵਿਰੁੱਧ |
| 2. | ਮਾਇਆ ਰਾਮ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਵਿਰੁੱਧ |
| 3. | ਬਲਵਿੰਦਰ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਵਿਰੁੱਧ |
| 4. | ਦਾਰਾ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਵਿਰੁੱਧ |
| 5. | ਕੁਲਭੂਸਨ ਕਪੂਰ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਵਿਰੁੱਧ |
| 6. | ਕਰਨੈਲ ਕੋਰ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਵਿਰੁੱਧ |
| 7. | ਬ੍ਰਿਜ ਮੋਹਨ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਵਿਰੁੱਧ |
| 8. | ਸੁਦੇਸ਼ ਕੁਮਾਰੀ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਖਾਲੀ ਅਸਾਮੀ ਵਿਰੁੱਧ |
| 9. | ਬਲਕਾਰ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਟੀ ਬੀ ਹਸਪਤਾਲ, ਪਟਿਆਲਾ | ਖਾਲੀ ਅਸਾਮੀ ਵਿਰੁੱਧ |

ਇਹ ਪੱਦ-ਉਨਤੀਆਂ ਹੇਠ ਦਰਸਾਈਆਂ ਗਈਆਂ ਸਰਤਾਂ ਤੇ ਹੋਣਗੀਆਂ:-

1. ਕਰਮਚਾਰੀ ਨੂੰ ਇਕ ਸਾਲ ਦੇ ਸਮੇਂ ਲਈ ਪਰਖ ਕਾਲ ਸਮੇਂ ਉਤੇ ਰਖਿਆ ਜਾਂਦਾ ਹੈ ।
2. ਇਹ ਤੱਰਕੀ ਬਿਲਕੁਲ ਆਰਜੀ ਤੌਰ ਤੇ ਕੀਤੀ ਜਾਂਦੀਆਂ ਹਨ, ਇਹ ਪੱਦ ਉਨਤੀਆਂ ਪ੍ਰਬੰਧਕੀ ਜਰੂਰਤਾਂ ਦੇ ਆਧਾਰ ਤੇ ਮੁੜ ਵਿਚਾਰਿਆ ਜਾਂ ਸਕਦੀਆਂ ਹਨ।
3. ਇਹ ਹੁਕਮ 85 ਵੀਂ ਸਵਿਧਾਨਿਕ ਸੋਧ ਨੂੰ ਲਾਗੂ ਕਰਨ ਬਾਰੇ ਸਰਕਾਰ ਵਲੋਂ ਲਏ ਗਏ ਫੈਸਲੇ ਤੇ ਅਧਾਰਤ ਹੋਣਗੇ।
4. ਇਹ ਹੁਕਮ ਵਖ-2 ਅਦਾਲਤਾਂ ਵਿਚ ਚਲ ਰਹੇ ਕੋਰਟ ਕੇਸਾਂ ਵਿਚ ਹੋਣ ਵਾਲੇ ਫੈਸਲਿਆਂ ਜਾ ਰਿਕਾਰਡ ਦੇ ਆਧਾਰ ਤੇ ਜਾਂ ਸੀਨੀਆਰਤਾ ਬਾਰੇ ਜਾਂ ਕੋਈ ਹੋਰ ਨਵੇਂ ਤਥ/ ਰਿਕਾਰਡ ਕਿਸੇ ਕਰਮਚਾਰੀ ਬਾਰੇ ਧਿਆਨ ਵਿਚ ਆਉਦੇਂ ਹਨ ਜਾਂ ਲਿਆਂਦੇ ਜਾਂਦੇ ਹਨ ਤਾਂ ਉਸਦੀ ਕੀਤੀ ਗਈ ਪੱਦ ਉਨਤੀ ਬਾਰੇ ਮੁੜ ਵਿਚਾਰ ਕੀਤਾ ਜਾਵੇਗਾ।
5. ਕਰਮਚਾਰੀ ਨੂੰ ਇਹਨਾਂ ਹੁਕਮਾਂ ਦੀ ਪਾਲਣਾਂ ਵਿਚ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਲਈ ਤੁਰੰਤ ਰਲੀਵ ਕਰ ਦਿਤਾ ਜਾਵੇ ਅਤੇ ਕਰਮਚਾਰੀਆਂ ਨੂੰ ਇਹ ਹੁਕਮ ਜਾਰੀ ਹੋਣ ਦੇ 15 ਦਿਨਾਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣਾ ਪਵੇਗਾ ਜੇਕਰ ਕੋਈ ਕਰਮਚਾਰੀ ਮਿਥੇ ਸਮੇਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਨਹੀਂ ਹੁੰਦਾਂ ਤਾਂ ਕਰਮਚਾਰੀ ਨੂੰ ਭਵਿਖ ਵਿਚ ਇਸ ਤਰਕੀ ਤੇ ਵਿਚਾਰਨ ਹਿਤ 2 ਸਾਲ ਦੇ ਸਮੇਂ ਲਈ ਡੀਬਾਰ ਕੀਤਾ ਜਾਵੇਗਾ।
6. ਜੇਕਰ ਉਪਰੋਕਤ ਕਰਮਚਾਰੀ ਦੀ ਤਰੱਕੀ ਨਾਂ ਹੁੰਦੀ ਤਾਂ ਇਸ ਕਰਮਚਾਰੀ ਨੇ ਹੇਠਲੇ ਕਾਡਰ ਦੀ ਆਪਣੀ ਮੌਜੂਦਾ ਅਸਾਮੀ ਤੇ ਹੀ ਕੰਮ ਕਰਦੇ ਰਹਿਣਾ ਸੀ।

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।

ਪਿੱਠ ਅੰ:ਨੰ:4ਐਮ.ਈ.2-ਪੰ-14/ 9343-61 ਮਿਤੀ ਚੰਡੀਗੜ੍ਹ:- 12-06-2014

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ, ਕਰਮਚਾਰੀ ਦੇ ਤੱਰਕੀ ਉਪਰੰਤ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਸੰਬਧੀ ਰਵਾਨਗੀ/ ਹਾਜਰੀ ਰਿਪੋਟ ਇਸ ਦਫਤਰ ਨੂੰ ਭੇਜੀ ਜਾਵੇ ਅਤੇ ਜੇਕਰ ਕਰਮਚਾਰੀ/ ਕਰਮਚਾਰਣ ਮਿੱਥੇ ਸਮੇਂ ਦੇ ਅੰਦਰ-2 ਹਾਜਰ ਨਹੀਂ ਹੁੰਦਾਂ ਤਾਂ ਇਹ ਰਿਪੋਰਟ ਇਸ ਦਫਤਰ ਨੂੰ ਤੁੁਰਤ ਭੇਜੀ ਜਾਵੇ:-

1. ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ/ ਪਟਿਆਲਾ/ ਗੁ. ਗੋ. ਸਿੰਘ ਮੈਡੀਕਲ ਕਾਲਜ, ਫਰੀਦਕੋਟ

2. ਮੈਡੀਕਲ ਸੁਪਰਡੰਟ, ਰਾਜਿੰਦਰਾ ਹਸਪਤਾਲ, ਪਟਿਆਲਾ/ ਐਸ.ਜੀ.ਟੀ.ਬੀ.ਹਸਪਤਾਲ, ਅੰਮ੍ਰਿਤਸਰ/ ਗੁ. ਗੋ. ਸਿੰਘ ਹਸਪਤਾਲ, ਫਰੀਦਕੋਟ।

3. ਪ੍ਰਿੰਸੀਪਲ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਪਟਿਆਲਾ/ ਅੰਮ੍ਰਿਤਸਰ।

4. ਡਿਪਟੀ ਮੈਡੀਕਲ ਸੁਪਰਡੰਟ, ਟੀ ਬੀ ਹਸਪਤਾਲ, ਪਟਿਆਲਾ/ ਅੰਮ੍ਰਿਤਸਰ।

5. ਸੰਬਧਤ ਕਰਮਚਾਰੀਆਂ ਨੂੰ।

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।

ਪਿੱਠ ਅੰ:ਨੰ:4ਐਮ.ਈ.2-ਪੰ-14/ 9362 ਮਿਤੀ ਚੰਡੀਗੜ੍ਹ:- 12-06-2014

ਉਤਾਰਾ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ, ਮੈਡੀਕਲ ਸਿਖਿਆ ਅਤੇ ਖੋਜ ਵਿਭਾਗ (ਸਿਹਤ-3 ਸਾਖਾ), ਚੰਡੀਗੜ੍ਹ ਨੂੰ ਸੂਚਨਾਂ ਹਿਤ ਭੇਜਿਆ ਜਾਂਦਾ ਹੈ।

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।